ਨੰ: 3/33/2●●5-ਰਸ -1/1885

ਪੰਜਾਬ ਸਰਕਾਰ

ਭਲਾਈ ਵਿਭਾਗ

(ਰਿਜ਼ਰਵੇਸ਼ਨ ਸੈਲ )

ਸੇਵਾ ਵਿਖੇ,

1. ਸਮੂਹ ਵਿਭਾਗਾਂ ਦੇ ਮੁੱਖੀ;
2. ਡਵੀਜਨਾਂ ਦੇ ਕਮਿਸ਼ਨਰ;
3. ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ;
4. ਸਮੂਹ ਜਿਲ੍ਹਾ ਤੇ ਸੈਸ਼ਨਜ ਜੱਜ;
5. ਡਿਪਟੀ ਕਮਿਸ਼ਨਰਜ਼; ਅਤੇ
6. ਉਪ ਮੰਡਲ ਅਫਸਰ (ਸਿਵਲ)

ਮਿਤੀ, ਚੰਡੀਗੜ੍ਹ 13 ਅਕਤੂਬਰ ,2●●6

ਵਿਸ਼ਾ:- ਦੀ ਪੰਜਾਬ ਸ਼ਡਿਊਲਡ ਕਾਸਟਸ ਐਂਡ ਬੈਕਵਰਡ ਕਲਾਸਿਜ਼ (ਰਿਜਰਵੇਸ਼ਨ ਇੰਨ ਸਰਵਸਿਜ਼) ਐਕਟ, 2●●6 ਨੂੰ ਲਾਗੂ ਕਰਨ ਬਾਰੇ।

ਸ੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਵੱਲ ਆਪ ਦਾ ਧਿਆਨ ਦਿਵਾਉਣ ਅਤੇ ਇਹ ਦੱਸਣ ਦੀ ਹਦਾਇਤ ਹੋਈ ਹੈ ਕਿ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ੍ਰੇਣੀਆਂ ਨੂੰ ਸੇਵਾਵਾਂ ਵਿੱਚ ਯੋਗ ਪ੍ਰਤੀਨਿਧਤਾ ਦੇਣ ਲਈ ਵਿਸ਼ੇ ਅਧੀਨ ਦਰਸਾਇਆ ਐਕਟ ,2●●6 ਬਣਾਇਆ ਗਿਆ ਹੈ। ਇਸ ਐਕਟ ਦੀ ਕਾਪੀ ਨਾਲ ਨੱਥੀ ਕਰਕੇ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਐਕਟ ਵਿੱਚ ਦਰਜ਼ ਉਪਬੰਧਾਂ/ਧਾਰਾਵਾਂ ਦੀ ਇੰਨ -ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਵਿਸ਼ਵਾਸ਼ਪਾਤਰ ,

ਵਧੀਕ ਸਕੱਤਰ ਭਲਾਈ

ਪਿੰਠ ਅੰਕਣ ਨੰ : 3/33/2●●5-ਰਸ-1/1886 ਮਿਤੀ,ਚੰਡੀਗੜ੍ਹ 13 ਅਕਤੂਬਰ,2●●6

ਇਕ ਉਤਾਰਾ ਐਕਟ ਦੀ ਕਾਪੀ ਸਮੇਤ ਰਾਜ ਸਰਕਾਰ ਦੇ ਸਮੂਹ ਬੋਰਡਾਂ, ਕਾਰਪੋਰੇਸ਼ਨਾਂ, ਯੂਨੀਵਰਸਿਟੀਆਂ ਅਤੇ ਟਰੱਸਟਾਂ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਐਕਟ ਵਿੱਚ ਦਰਜ਼ ਉਪਬੰਧਾਂ/ਧਾਰਾਵਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਵਧੀਕ ਸਕੱਤਰ ਭਲਾਈ

ਇਕ ਉਤਾਰਾ ਐਕਟ ਦੀ ਕਾਪੀ ਸਮੇਤ ਪੰਜਾਬ ਸਰਕਾਰ ਦੇ ਸਮੂਹ ਵਿੱਤੀ ਕਮਿਸ਼ਨਰਾਂ/ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

2. ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਆਪਣੇ ਵਿਭਾਗ ਵਿਚ ਇਸ ਐਕਟ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਵਧੀਕ ਸਕੱਤਰ ਭਲਾਈ

ਸੇਵਾ ਵਿਖੇ

ਸਮੂਹ ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ , ਪੰਜਾਬ, ਚੰਡੀਗੜ੍ਹ ।

ਅੰ : ਵਿ: ਪੱ: ਨੰ: 3/33/2●●5-ਰਸ-1/1887 ਮਿਤੀ, ਚੰਡੀਗੜ੍ਹ 13 ਅਕਤੂਬਰ,2●●6.